ਸਿਵਲ ਹਸਪਤਾਲ ਧੂਰੀ ਦੀ ਐਸ.ਐਮ.ਓ. ਡਾ. ਰਿਸ਼ਮਾ ਭੌਰਾ ਨੂੰ ਸਨਮਾਨਿਤ ਕਰਦੇ ਹੋਏ ਧੂਰੀ ਵਪਾਰ ਮੰਡਲ ਧੂਰੀ ਦੇ ਪ੍ਰਧਾਨ ਵਿਕਾਸ ਜੈਨ, ਆਪ ਆਗੂ ਅਸ਼ੋਕ ਕੁਮਾਰ ਲੱਖਾ ਤੇ ਹੋਰ। ਤਸਵੀਰ: ਸੰਜੇ ਲਹਿਰੀ

ਐਸ. ਐਮ. ਓ. ਦਾ ਸਨਮਾਨ

ਧੂਰੀ, 3 ਜਨਵਰੀ (ਸੰਜੇ ਲਹਿਰੀ)- ਸਿਵਲ ਹਸਪਤਾਲ ਧੂਰੀ ਦੀ ਐਸ.ਐਮ.ਓ. ਡਾ. ਰਿਸ਼ਮਾਂ ਭੌਰਾ ਵਲੋਂ ਪਿਛਲੇ ਲੰਮੇ ਸਮੇਂ ਤੋਂ ਸਿਵਲ ਹਸਪਤਾਲ ਧੂਰੀ ਵਿਖੇ ਨਿਭਾਈਆਂ ਸ਼ਾਨਦਾਰ ਸੇਵਾਵਾਂ ਬਦਲੇ ਧੂਰੀ ਦੇ ਮੋਹਤਬਰ ਵਿਅਕਤੀਆਂ ਵਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਇਸ ਸਨਮਾਨ ਮੌਕੇ ਪਹੁੰਚੇ ਧੂਰੀ ਵਪਾਰ ਮੰਡਲ ਧੂਰੀ ਦੇ ਪ੍ਰਧਾਨ ਸ਼੍ਰੀ ਵਿਕਾਸ ਜੈਨ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ਼੍ਰੀ ਅਸ਼ੋਕ ਕੁਮਾਰ ਲੱਖਾ, ਕੈਮਿਸਟ ਐਸੋਸੀਏਸ਼ਨ ਦੇ ਆਗੂ ਸ. ਰਣਧੀਰ ਸਿੰਘ ਧੀਰਾ ਆਦਿ ਨੇ ਕਿਹਾ ਕਿ ਕੋਵਿਡ-19 ਦੌਰਾਨ ਡਾ. ਰਿਸ਼ਮਾ ਭੌਰਾ ਵਲੋਂ ਸਿਵਲ ਹਸਪਤਾਲ ਧੂਰੀ ਵਿਖੇ ਜੋ ਸੇਵਾਵਾਂ ਨਿਭਾਈਆਂ ਗਈਆਂ ਹਨ, ਉਹ ਸਰਾਹਣਯੋਗ ਹਨ, ਜਿਨ੍ਹਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਇਸ ਮੌਕੇ ਡਾ. ਰਿਸ਼ਮਾ ਭੌਰਾ ਨੇ ਕਿਹਾ ਕਿ ਉਨ੍ਹਾਂ ਨੂੰ ਧੂਰੀ ਇਲਾਕੇ ਦੇ ਲੋਕਾਂ ਅਤੇ ਸਮੂਹ ਸਟਾਫ਼ ਪਾਸੋਂ ਮਿਲਿਆ ਪਿਆਰ ਹਮੇਸ਼ਾ ਯਾਦ ਰਹੇਗਾ। ਇਸ ਮੌਕੇ ਸਾਬਕਾ ਐਸ.ਐਮ.ਓ. ਡਾ. ਗੁਰਸ਼ਰਨ ਸਿੰਘ ਸਮੇਤ ਸਿਵਲ ਹਸਪਤਾਲ ਧੂਰੀ ਦੇ ਸਟਾਫ਼ ਮੈਂਬਰ ਅਤੇ ਡਾਕਟਰ ਸਾਹਿਬਾਨ ਵੱਡੀ ਗਿਣਤੀ ਵਿਚ ਹਾਜ਼ਰ ਸਨ।

ਰਾਮਨਗਰ ਛੰਨਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਆਗੂ। ਤਸਵੀਰ: ਸੁਰਿੰਦਰ ਚਹਿਲ

ਕਾਂਗਰਸ ਘਪਲਿਆਂ ਅਤੇ ਲਾਰਿਆਂ ਵਾਲੀ ਸਰਕਾਰ- ਚੀਮਾ

ਸ਼ੇਰਪੁਰ, 3 ਜਨਵਰੀ (ਸੁਰਿੰਦਰ ਚਾਹਿਲ)- ਪੰਜਾਬ ਦੀ ਕਾਂਗਰਸ ਸਰਕਾਰ ਸੂਬੇ ਵਿਚ ਬੁਰੀ ਤਰ੍ਹਾਂ ਫ਼ੇਲ੍ਹ ਸਾਬਤ ਹੋਈ। ਲੋਕਾਂ ਨੂੰ ਸਿਵਾਏ ਲਾਰਿਆਂ ਦੇ ਕੁੱਝ ਵੀ ਪ੍ਰਾਪਤ ਨਹੀਂ ਹੋਇਆ। ਪਿੰਡ ਰਾਮਨਗਰ ਛੰਨਾ ਵਿਖੇ ਭਾਜਪਾ ਕਿਸਾਨ ਮੋਰਚਾ ਜ਼ਿਲ੍ਹਾ ਬਰਨਾਲਾ ਦੇ ਪ੍ਰਧਾਨ ਨਰਿੰਦਰਪਾਲ ਸਿੰਘ ਛੰਨਾ ਦੇ ਗ੍ਰਹਿ ਵਿਖੇ ਕਿਸਾਨ ਮੋਰਚਾ ਪੰਜਾਬ ਦੇ ਪ੍ਰਧਾਨ ਬਿਕਰਮ ਸਿੰਘ ਚੀਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਹ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਪਾਰਟੀ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖ ਕੇ ਲੋਕਾਂ ਨਾਲ ਝੂਠੇ ਵਾਅਦੇ ਕਰ ਰਹੇ ਹਨ। ਪੰਜਾਬ ਦੇ ਲੋਕਾਂ ਨੂੰ ਮੁਫ਼ਤ ਦੀਆਂ ਸਹੂਲਤਾਂ ਦੀ ਥਾਂ ਉਨ੍ਹਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਦੀ ਲੋੜ ਹੈ। ਸ੍ਰੀ ਚੀਮਾ ਨੇ ਅੱਗੇ ਕਿਹਾ ਕਿ ਚੋਣ ਮਨੋਰਥ ਪੱਤਰ ਨੂੰ ਕਾਨੂੰਨੀ ਦਸਤਾਵੇਜ਼ ਮੰਨਣਾ ਚਾਹੀਦਾ ਹੈ ਤਾਂ ਜੋ ਜੇਕਰ ਕੋਈ ਲੋਕਾਂ ਨਾਲ ਝੂਠੇ ਵਾਅਦੇ ਕਰੇ ਉਸ 'ਤੇ ਬਣਦੀ ਕਾਨੂੰਨੀ ਕਾਰਵਾਈ ਹੋ ਸਕੇ। ਉਨ੍ਹਾਂ ਕਿਹਾ ਕਿ ਸ੍ਰੀ ਨਰਿੰਦਰ ਮੋਦੀ ਦੀ ਪੰਜਾਬ ਫੇਰੀ ਤੋਂ ਪੰਜਾਬ ਵਾਸੀਆਂ ਨੂੰ ਵੱਡੀਆਂ ਆਸਾਂ ਹਨ। ਉਨ੍ਹਾਂ ਅੱਗੇ ਕਿਹਾ ਕਿ ਭਾਜਪਾ ਦਿਨੋਂ ਦਿਨ ਪੰਜਾਬ ਵਿਚ ਮਜ਼ਬੂਤ ਹੋ ਰਹੀ ਹੈ। ਭਾਜਪਾ ਹੀ ਇਕੋ ਇਕ ਅਜਿਹੀ ਪਾਰਟੀ ਹੈ ਜੋ ਕਿਸਾਨਾਂ ਦੀ ਆਮਦਨ ਵਿਚ ਵਾਧਾ ਕਰਕੇ ਉਨ੍ਹਾਂ ਨੂੰ ਖ਼ੁਸ਼ਹਾਲ ਕਰਨ ਬਾਰੇ ਕਦਮ ਚੁੱਕ ਰਹੀ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਮਨਿੰਦਰ ਸਿੰਘ ਕਪਿਆਲ ਸੂਬਾ ਸੈਕਟਰੀ, ਸੁਨੀਲ ਗੋਇਲ ਡਿੰਪਲ ਕਾਰਜਕਾਰੀ ਮੈਂਬਰ, ਸ੍ਰੀਮਤੀ ਰਜਨੀ ਰਾਣੀ ਜ਼ਿਲ੍ਹਾ ਮਹਿਲਾ ਮੰਡਲ ਆਗੂ, ਅਵਿਨਾਸ਼, ਡਾ. ਸ਼ਮਸ਼ੇਰ ਸਿੰਘ ਬੱਧਣ, ਨੰਬਰਦਾਰ ਸ਼ੇਰ ਜੰਗ ਸਿੰਘ, ਨਰਿੰਦਰਪਾਲ ਸਿੰਘ ਛੰਨਾ, ਜਸਵੀਰ ਸਿੰਘ ਛੰਨਾਂ, ਹਰਬੰਸ ਸਿੰਘ ਟਿੱਬਾ, ਗੁਰਪ੍ਰੀਤ ਸਿੰਘ ਟਿੱਬਾ, ਦਵਿੰਦਰ ਸਿੰਘ ਕਾਤਰੋਂ, ਗੁਰਦੀਪ ਸਿੰਘ ਟਿੱਬਾ, ਲਖਬੀਰ ਸਿੰਘ ਛੰਨਾ, ਰਣਜੀਤ ਸਿੰਘ ਰਾਣਾ, ਜੋਗਿੰਦਰ ਸਿੰਘ ਖ਼ਾਲਸਾ, ਹਰਿੰਦਰ ਸਿੰਘ ਆਦਿ ਆਗੂ ਵੀ ਮੌਜੂਦ ਸਨ।

ਅਕਾਲ ਕਾਲਜ ਕੌਂਸਲ ਵਲੋਂ ਪਿੰਡ ਸ਼ੇਰੋਂ ਦੇ ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨ ਰੂਪ ਸਿੰਘ ਦੇ ਪਰਿਵਾਰ ਨੂੰ ਸਹਾਇਤਾ ਰਾਸ਼ੀ ਭੇਟ ਕਰਦੇ ਹੋਏ ਕੌਂਸਲ ਮੈਂਬਰ ਅਤੇ ਪਤਵੰਤੇ। ਤਸਵੀਰ: ਵਿਨੋਦ

ਸ਼ਹੀਦ ਕਿਸਾਨਾਂ ਦੇ ਪਰਿਵਾਰਾਂ ਨੂੰ ਸਹਾਇਤਾ ਰਾਸ਼ੀ ਭੇਟ

ਲੌਂਗੋਵਾਲ, 3 ਜਨਵਰੀ (ਵਿਨੋਦ, ਸ. ਸ. ਖੰਨਾ)- ਅਕਾਲ ਕਾਲਜ ਕੌਂਸਲ ਵਲੋਂ ਆਤਮ ਪ੍ਰਗਾਸ਼ ਵੈੱਲਫੇਅਰ ਸੁਸਾਇਟੀ ਅਤੇ ਸਰਬੱਤ ਦਾ ਭਲਾ ਟਰੱਸਟ ਦੇ ਸਹਿਯੋਗ ਨਾਲ ਕਿਸਾਨੀ ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨਾਂ ਦੇ ਪਰਿਵਾਰਾਂ ਨੂੰ ਸਹਾਇਤਾ ਰਾਸ਼ੀ ਦੇ ਚੈੱਕ ਭੇਟ ਕੀਤੇ ਹਨ। ਇਸੇ ਲੜੀ ਤਹਿਤ ਪਿੰਡ ਸ਼ੇਰੋਂ ਕਿਸਾਨ ਸੰਘਰਸ਼ ਦੌਰਾਨ ਸ਼ਹੀਦ ਹੋਏ ਰੂਪ ਸਿੰਘ ਦੇ ਪਰਿਵਾਰ ਨੂੰ 21 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈੱਕ ਭੇਟ ਕਰਨ ਆਏ ਅਕਾਲ ਕਾਲਜ ਕੌਂਸਲ ਦੇ ਮੈਂਬਰਾਂ ਗੁਰਜੰਟ ਸਿੰਘ ਦੁੱਗਾਂ, ਸਰਪੰਚ ਬਲਵੰਤ ਸਿੰਘ ਚੰਗਾਲ, ਅਮਰਜੀਤ ਸਿੰਘ ਜਵੰਧਾ ਅਤੇ ਨੁਮਾਇੰਦੇ ਡਾ. ਰੂਪ ਸਿੰਘ ਸ਼ੇਰੋਂ ਨੇ ਦੱਸਿਆ ਕਿ ਅਕਾਲ ਕਾਲਜ ਕੌਂਸਲ ਵਲੋਂ ਇਸ ਵਾਰ 10 ਸ਼ਹੀਦ ਕਿਸਾਨਾਂ ਦੇ ਪਰਿਵਾਰਾਂ ਨੂੰ 21 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਗਈ ਹੈ। ਇਸ ਤੋਂ ਪਹਿਲਾਂ 40 ਕਿਸਾਨ ਪਰਿਵਾਰਾਂ ਨੂੰ 8 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਜਾ ਚੁੱਕੀ ਹੈ। ਕੌਂਸਲ ਦੇ ਉਪਰਾਲੇ ਨਾਲ ਸਰਬੱਤ ਦਾ ਭਲਾ ਟਰੱਸਟ ਵਲੋਂ 37 ਪਰਿਵਾਰਾਂ ਨੂੰ 25 ਸੌ ਰੁਪਏ ਤੋਂ ਦਸ ਹਜ਼ਾਰ ਰੁਪਏ ਤੱਕ ਦੀ ਪੈਨਸ਼ਨ ਆਰੰਭੀ ਗਈ ਹੈ ਅਤੇ 35 ਸ਼ਹੀਦ ਪਰਿਵਾਰਾਂ ਦੇ ਬੱਚਿਆਂ ਨੂੰ ਅਕਾਲ ਕੌਂਸਲ ਵਲੋਂ ਮੁਫ਼ਤ ਵਿੱਦਿਆ ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਆਤਮ ਪ੍ਰਗਾਸ਼ ਸੁਸਾਇਟੀ ਵਲੋਂ 11 ਪਰਿਵਾਰਾਂ ਨੂੰ ਆਤਮ ਨਿਰਭਰ ਬਨਾਉਣ ਲਈ ਰੋਜ਼ਗਾਰ ਦੇ ਸਾਧਨ ਮੁਹੱਈਆ ਕਰਵਾਏ ਗਏ ਹਨ ਅਤੇ 4 ਬੇਘਰ ਪਰਿਵਾਰਾਂ ਦੇ ਘਰ ਬਣਾਏ ਜਾ ਰਹੇ ਹਨ। ਇਸ ਮੌਕੇ ਕੋਆਰਡੀਨੇਟਰ ਅਮਨਿੰਦਰ ਕੌਰ, ਰਣਧੀਰ ਸ਼ਰਮਾ, ਸਾ. ਸਰਪੰਚ ਕੇਵਲ ਸਿੰਘ, ਇਕਾਈ ਪ੍ਰਧਾਨ ਜਸਪਾਲ ਸਿੰਘ ਮੱਖਣ, ਜਥੇ. ਸੁਖਦੇਵ ਸਿੰਘ, ਸਾ. ਸਰਪੰਚ ਨਿਹਾਲ ਸਿੰਘ, ਕੁਲਵਿੰਦਰ ਸਿੰਘ, ਭਰਪੂਰ ਸਿੰਘ ਅਤੇ ਸੋਮ ਨਾਥ ਸ਼ਰਮਾ ਹਾਜ਼ਰ ਸਨ।

ਗੁਰਮਤਿ ਸਮਾਗਮ 7 ਨੂੰ

ਅਮਰਗੜ੍ਹ, 3 ਜਨਵਰੀ (ਸੁਖਜਿੰਦਰ ਸਿੰਘ ਝੱਲ) - ਬਾਬਾ ਨਰੈਣ ਸਿੰਘ ਜੀ ਮੋਨੀ ਤਪਾ ਦਰਾਜ਼ ਮੁਹਾਲੀ ਵਾਲਿਆਂ ਦੀ ਨਿੱਘੀ ਯਾਦ ਨੂੰ ਸਮਰਪਿਤ ਗੁਰਮਤਿ ਸਮਾਗਮ 7 ਜਨਵਰੀ ਨੂੰ ਗੁ: ਸੰਤ ਆਸ਼ਰਮ ਨਰੈਣਸਰ ਮੁਹਾਲੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਮੁੱਖ ਪ੍ਰਬੰਧਕ ਬਾਬਾ ਰਣਜੀਤ ਸਿੰਘ ਤਪਾ ਦਰਾਜ਼ ਮੁਹਾਲੀ ਵਾਲਿਆਂ ਦੀ ਦੇਖ ਰੇਖ ਹੇਠ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਭਾਈ ਨਿਰਭੈ ਸਿੰਘ ਖ਼ਾਲਸਾ ਨੇ ਦੱਸਿਆ ਕਿ 7 ਜਨਵਰੀ ਨੂੰ ਅੰਮ੍ਰਿਤ ਸੰਚਾਰ ਹੋਵੇਗਾ ਅਤੇ ਅਖੰਡ ਪਾਠ ਦੇ ਭੋਗ ਪਾਉਣ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ।

ਪੰਜਾਬੀ ਭਾਸ਼ਾ, ਸਾਹਿਤ ਦੇ ਵਿਕਾਸ ਤੇ ਮੁਲਾਂਕਣ ਵਿਚ ਡਾ. ਤੇਜਵੰਤ ਮਾਨ ਦੇ ਵਿਲੱਖਣ ਯੋਗਦਾਨ ਲਈ ਕੀਤੀ ਸਾਹਿਤਕ ਚਰਚਾ

ਸੰਗਰੂਰ, 3 ਜਨਵਰੀ (ਸੁਖਵਿੰਦਰ ਸਿੰਘ ਫੁੱਲ)- ਨਵੇਂ ਸਾਲ ਦੇ ਅਵਸਰ ਤੇ ਪੰਜਾਬੀ ਸਾਹਿਤ ਸਭਾ ਸੰਗਰੂਰ ਰਜਿ. ਵੱਲੋਂ ਪੰਜਾਬੀ ਸਾਹਿਤ ਰਤਨ ਡਾ. ਤੇਜਵੰਤ ਮਾਨ ਦਾ ਜਨਮ ਦਿਨ ਸਾਹਿਤਕ ਰੰਗ ਵਿਚ ਮਨਾਇਆ ਗਿਆ। ਡਾ. ਨਰਵਿੰਦਰ ਸਿੰਘ ਕੌਸ਼ਲ ਦੀ ਪ੍ਰਧਾਨਗੀ ਹੇਠ ਹੋਏ ਸਮਾਗਮ ਦੇ ਪ੍ਰਧਾਨਗੀ ਮੰਡਲ ਵਿਚ ਡਾ. ਜਗਜੀਤ ਸਿੰਘ ਕੋਮਲ, ਡਾ. ਭਗਵੰਤ ਸਿੰਘ, ਪਵਨ ਹਰਚੰਦਪੁਰੀ ਸ਼ਾਮਲ ਹੋਏ। ਡਾ. ਤੇਜਵੰਤ ਦੇ ਜੀਵਨ ਵਿਅਕਤੀਤਵ ਅਤੇ ਫ਼ਲਸਫ਼ੇ ਬਾਰੇ ਗੰਭੀਰ ਸੰਵਾਦ ਰਚਾਇਆ ਗਿਆ। ਇਸ ਸਮਾਗਮ ਵਿਚ ਸਾਹਿਤ ਸਭਾ ਸੁਨਾਮ, ਲਹਿਰਾ, ਸਾਹਿਤ ਸਭਾ ਧਨੌਲਾ, ਪੰਜਾਬੀ ਸਾਹਿਤ ਸਭਾ ਧੂਰੀ, ਮਲੇਰਕੋਟਲਾ ਦੇ ਪ੍ਰਮੁੱਖ ਅਹੁਦੇਦਾਰਾਂ ਅਤੇ ਸਾਹਿਤਕਾਰਾਂ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਡਾ. ਭਗਵੰਤ ਸਿੰਘ ਨੇ ਡਾ. ਤੇਜਵੰਤ ਮਾਨ ਦੀ ਵਿਚਾਰਧਾਰਕ ਪਰਪੱਕਤਾ ਦੀ ਗੱਲ ਕਰਦੇ ਹੋਏ ਕਿਹਾ ਕਿ ਅਜੋਕੇ ਸਮੇਂ ਵਿਚ ਜਦੋਂ ਪੰਜਾਬ ਬੌਧਿਕ ਨਿਘਾਰ, ਬੌਧਿਕ ਕੰਗਾਲੀ ਅਤੇ ਬੌਧਿਕ ਸੰਕਟ ਦਾ ਸ਼ਿਕਾਰ ਹੋ ਚੁੱਕਾ ਹੈ, ਉਸ ਵਕਤ ਡਾ. ਤੇਜਵੰਤ ਮਾਨ ਨੇ ਸਾਹਿਤ ਦੇ ਸਮਾਜਕ ਪ੍ਰਸੰਗਾਂ ਨੂੰ ਪ੍ਰਮੁੱਖਤਾ ਦੇ ਕੇ ਇੱਕ ਵਿਸ਼ਾਲ ਲਹਿਰ ਲਾਮਬੰਦ ਕੀਤੀ ਹੈ। ਇਨ੍ਹਾਂ ਦੀ ਬਦੌਲਤ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਜਵਾਲਾ ਪ੍ਰਚੰਡ ਹੋਈ ਹੈ। ਪਵਨ ਹਰਚੰਦਪੁਰੀ ਨੇ ਡਾ. ਤੇਜਵੰਤ ਦੀ ਜਥੇਬੰਦਕ ਚੇਤਨਾ ਦੇ ਪਹਿਲੂਆਂ ਤੇ ਰੋਸ਼ਨੀ ਪਾਈ। ਜ਼ੋਰਾਂ ਸਿੰਘ ਮੰਡੇਰ ਨੇ ਡਾ. ਤੇਜਵੰਤ ਮਾਨ ਦੀ ਆਲੋਚਨਾ ਦ੍ਰਿਸ਼ਟੀ ਨੂੰ ਮੁੱਖ ਤੌਰ ਤੇ ਉਭਾਰਿਆ। ਡਾ. ਦਵਿੰਦਰ ਕੌਰ ਨੇ ਤੇਜਵੰਤ ਮਾਨ ਦੀ ਕਾਵਿਕ ਪ੍ਰਤਿਭਾ ਬਾਰੇ ਦੱਸਿਆ। ਡਾ. ਅਮਨਦੀਪ ਕੌਰ ਗੋਸਲ ਨੇ ਡਾ. ਤੇਜਵੰਤ ਮਾਨ ਦੀ ਦ੍ਰਿੜਤਾ ਅਤੇ ਸੁਹਿਰਦਤਾ ਬਾਰੇ ਬਹੁਤ ਭਾਵਪੂਰਤ ਢੰਗ ਨਾਲ ਬਿਆਨ ਕੀਤਾ। ਜਗਦੀਪ ਸਿੰਘ ਗੰਧਾਰਾ ਐਡਵੋਕੇਟ ਨੇ ਉਨ੍ਹਾਂ ਦੀ ਤਰਕਸ਼ੀਲਤਾ, ਪ੍ਰਤੀਬੱਧਤਾ ਦੀ ਸ਼ਲਾਘਾ ਕੀਤੀ। ਡਾ. ਜਗਜੀਤ ਸਿੰਘ ਕੋਮਲ ਨੇ ਡਾ. ਤੇਜਵੰਤ ਮਾਨ ਦੀ ਕਹਾਣੀ ਕਲਾ ਅਤੇ ਕਾਵਿ ਕਲਾ ਬਾਰੇ ਨਵੇਂ ਦ੍ਰਿਸ਼ਟੀਕੋਣ ਉਜਾਗਰ ਕੀਤੇ। ਡਾ. ਤੇਜਵੰਤ ਮਾਨ ਨੇ ਇਸ ਅਵਸਰ ਤੇ ਕਿਹਾ ਕਿ ਸਾਹਿਤ ਨੂੰ ਸਮਝਣ ਲਈ ਆਨੰਦ ਪਾਠ ਅਤੇ ਪਾਠ ਆਨੰਦ ਦੇ ਫ਼ਰਕ ਨੂੰ ਸਮਝਣ ਦੀ ਲੋੜ ਹੈ। ਉਨ੍ਹਾਂ ਨੇ ਦੱਸਿਆ ਕਿ ਸਮਾਜਕ ਅਧੋਗਤੀ ਲਈ ਸਾਹਿਤਕਾਰਾਂ ਦੀ ਵੀ ਜ਼ਿੰਮੇਵਾਰੀ ਹੈ। ਪੰਜਾਬੀ ਭਾਸ਼ਾ ਦੀ ਗੁਰਮੁਖੀ ਲਿੱਪੀ, ਵਿਗਿਆਨਕ ਅਤੇ ਪਰਿਪੂਰਣ ਹੈ। ਜੇਕਰ ਕਿਸੇ ਨੂੰ ਗੁਰਮੁਖੀ ਸ਼ਬਦ ਤੋਂ ਚਿੜ੍ਹ ਹੈ, ਉਹ ਪੰਜਾਬੀ ਲਿੱਪੀ ਕਹਿ ਸਕਦਾ ਹੈ। ਇਸ ਮੌਕੇ ਨਿਰਮਲ ਸਿੰਘ ਕਾਹਲੋਂ ਦੀ ਪੁਸਤਕ ਭੱਥੇ ਦੇ ਤੀਰ ਲੋਕ ਅਰਪਣ ਕੀਤੀ ਗਈ। ਇਸ ਸਮੇਂ ਹੋਏ ਕਵੀ ਦਰਬਾਰ ਵਿਚ ਪ੍ਰੋ. ਮਿੱਠੂ ਪਾਠਕ, ਪ੍ਰੀਤ ਪਾਠਕ ਨੇ ਕਵੀਸ਼ਰੀ ਰਾਹੀਂ ਮਾਨ ਦੀ ਸ਼ਖ਼ਸੀਅਤ ਨੂੰ ਉਭਾਰਿਆ। ਡਾ. ਰਾਕੇਸ਼ ਸ਼ਰਮਾ, ਨਾਹਰ ਸਿੰਘ ਮੁਬਾਰਕਪੁਰੀ, ਗੁਲਜ਼ਾਰ ਸਿੰਘ ਸ਼ੌਕੀ, ਜਗੀਰ ਸਿੰਘ ਰਤਨ, ਸੁਰਿੰਦਰਪਾਲ ਕੌਰ ਰਸੀਆ, ਗੁਰਜਿੰਦਰ ਸਿੰਘ ਰਸੀਆ, ਸੁਰਿੰਦਰ ਸ਼ਰਮਾ, ਜੰਗ ਸਿੰਘ ਫੱਟੜ, ਚਮਕੌਰ ਸਿੰਘ, ਚਰਨਜੀਤ ਸਿੰਘ, ਗੁਰਨਾਮ ਸਿੰਘ, ਤਰਸੇਮ ਸਿੰਘ ਸੇਮੀ, ਅਮਰੀਕ ਗਾਗਾ, ਮੀਤ ਸਕਰੌਦੀ, ਨਿਰਮਲ ਸਿੰਘ ਕਾਹਲੋਂ, ਕੁਲਵੰਤ ਕਸਕ, ਅਰਮ ਗਰਗ, ਜਰਨੈਲ ਸਿੰਘ ਸੱਗੂ, ਬਾਬਾ ਹਰਦਿਆਲ ਸਿੰਘ, ਅਮਰਜੀਤ ਸਿੰਘ ਅਮਨ ਆਦਿ ਅਨੇਕਾਂ ਕਵੀਆਂ ਨੇ ਆਪਣੀਆਂ ਕਾਵਿ ਰਚਨਾਵਾਂ ਸੁਣਾਈਆਂ। ਇਹ ਸਮਾਗਮ ਵਿਚ ਵਿਜੈ ਕੁਮਾਰ, ਬ੍ਰਿਜ ਮੋਹਨ, ਭਾਰਤ ਭੂਸ਼ਨ, ਅਮਨਦੀਪ ਸਿੰਘ, ਪਰਮਜੀਤ ਸਿੰਘ ਆਦਿ ਅਨੇਕ ਪ੍ਰਤਿਸ਼ਠਿਤ ਸਾਹਿਤਕਾਰ ਸ਼ਾਮਲ ਹੋਏ। ਇਸ ਸਮਾਗਮ ਨੇ ਜਿੱਥੇ ਡਾ. ਤੇਜਵੰਤ ਮਾਨ ਦੀ ਵਿਲੱਖਣ ਸ਼ਖ਼ਸੀਅਤ ਦੇ ਦਰਸ਼ਨ ਕਰਾਏ, ਉੱਥੇ ਸਾਹਿਤ ਤੇ ਸਮਾਜ ਦੇ ਗੰਭੀਰ ਸੰਦਰਭਾਂ ਬਾਰੇ ਨਵੇਂ ਪੱਖਾਂ ਦੀ ਨਿਸ਼ਾਨਦੇਹੀ ਕੀਤੀ।

ਪੰਜਾਬੀ ਸਾਹਿਤ ਸਭਾ ਸੰਗਰੂਰ ਵਲੋਂ 'ਭੱਥੇ ਦੇ ਤੀਰ' ਪੁਸਤਕ ਲੋਕ ਅਰਪਣ ਕੀਤੇ ਜਾਣ ਦਾ ਦ੍ਰਿਸ਼। ਤਸਵੀਰ: ਦਰਸ਼ਨ ਵਧਵਾ

ਅਰਥੀ ਫੂਕ ਮੁਜਾਹਰਾ ਕਰਦੇ ਹੋਏ ਕਿਸਾਨ। ਤਸਵੀਰ: ਜਸਵੀਰ ਸਿੰਘ ਔਜਲਾ

ਕਿਸਾਨਾਂ ਨੇ ਅਰਥੀ ਫੂਕ ਕੀਤਾ ਮੁਜ਼ਾਹਰਾ

ਸੂਲਰ ਘਰਾਟ, 3 ਜਨਵਰੀ (ਜਸਵੀਰ ਸਿੰਘ ਔਜਲਾ)- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੇ ਵੱਖ-ਵੱਖ ਪਿੰਡਾਂ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਛਾਹੜ ਦੇ ਇਕਾਈ ਪ੍ਰਧਾਨ ਪਰਮਜੀਤ ਸਿੰਘ ਨੇ ਦੱਸਿਆ ਕਿ 5 ਜਨਵਰੀ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪੰਜਾਬ ਫੇਰੀ ਨੂੰ ਲੈ ਕੇ ਕਿਸਾਨਾਂ ਵਲੋਂ ਰੋਸ ਅਰਥੀ ਫੂਕ ਰੋਸ ਮੁਜ਼ਾਹਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦਿੱਲੀ ਸੰਘਰਸ਼ ਦੌਰਾਨ ਸਹੀਦ ਹੋਏ ਕਿਸਾਨਾਂ ਦੇ ਖਾਤਿਆਂ ਵਿਚ ਪੈਸੇ ਨਹੀਂ ਪਾਏ ਤੇ ਨਾ ਹੀ ਲਖਮੀਰਪੁਰ ਖੀਰੀ ਹਾਦਸੇ ਦੇ ਮੁੱਖ ਦੋਸੀ ਨੂੰ ਅਹੁਦੇ ਤੋਂ ਬਰਖ਼ਾਸਤ ਨਹੀਂ ਕੀਤਾ ਗਿਆ। ਇਸ ਮੌਕੇ 'ਤੇ ਗੁਰਪ੍ਰੀਤ ਸਿੰਘ ਗੁਰੀ, ਨੱਛਤਰ ਸਿੰਘ, ਕੁਲਦੀਪ ਸਿੰਘ, ਕੁਲਵਿੰਦਰ ਸਿੰਘ, ਝਰਮਲ ਸਿੰਘ, ਸਤਗੁਰ ਸਿੰਘ, ਧੰਨਾ ਸਿੰਘ, ਪ੍ਰਧਾਨ ਰਜਿੰਦਰ ਸਿੰਘ ਆਦਿ ਮੌਜੂਦ ਸਨ।

ਬੀਬੀ ਰਜਿੰਦਰ ਕੌਰ ਭੱਠਲ ਦੇ ਓ.ਐਸ.ਡੀ. ਰਵਿੰਦਰ ਸਿੰਘ ਟ